# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 13:10 pm

**ਮਿਤੀ: 28-04-2025**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ ਸ਼ਾਮ ਰਾਸ਼ਟਰਪਤੀ ਭਵਨ ਵਿਖੇ ਪਹਿਲੇ ਨਾਗਰਿਕ ਪੁਰਸਕਾਰ ਸਮਾਗਮ  ਵਿੱਚ ਪਦਮ ਪੁਰਸਕਾਰ ਪ੍ਰਦਾਨ ਕਰਨਗੇ। ਦੇਸ਼ ਦੇ ਸਭ ਤੋਂ ਉੱਚੇ ਨਾਗਰਿਕ ਸਨਮਾਨਾਂ ਵਿੱਚੋਂ ਇੱਕ, ਪਦਮ ਪੁਰਸਕਾਰ ਤਿੰਨ ਸ਼੍ਰੇਣੀਆਂ ਵਿੱਚ  - ਪਦਮ ਵਿਭੂਸ਼ਣ, ਪਦਮ ਭੂਸ਼ਣ ਅਤੇ ਪਦਮ ਸ਼੍ਰੀ,  ਵਿਚ  ਦਿੱਤੇ ਜਾਂਦੇ ਨੇ। ਇਹ ਸਨਮਾਨ ਕਲਾ, ਸਮਾਜ ਸੇਵਾ, ਲੋਕ ਭਲਾਈ ਕਾਰਜ, ਵਿਗਿਆਨ ਅਤੇ ਇੰਜੀਨੀਅਰਿੰਗ, ਵਪਾਰ ਅਤੇ ਉਦਯੋਗ, ਦਵਾਈ, ਸਾਹਿਤ ਅਤੇ ਸਿੱਖਿਆ, ਖੇਡਾਂ ਅਤੇ ਜਨਤਕ ਸੇਵਾ ਸਮੇਤ ਵੱਖ-ਵੱਖ ਖੇਤਰਾਂ ਵਿੱਚ ਦਿੱਤਾ ਜਾਂਦਾ ਏ। ਇਸ ਸਾਲ, ਗਣਤੰਤਰ ਦਿਵਸ ਦੀ ਪੂਰਵ ਸੰਧਿਆ 'ਤੇ, ਸਰਕਾਰ ਨੇ 139 ਪਦਮ ਪੁਰਸਕਾਰਾਂ ਦਾ ਐਲਾਨ ਕੀਤਾ। ਇਸ ਵਿੱਚ ਸੱਤ ਪਦਮ ਵਿਭੂਸ਼ਣ, 19 ਪਦਮ ਭੂਸ਼ਣ ਅਤੇ 113 ਪਦਮ ਸ਼੍ਰੀ ਪੁਰਸਕਾਰ ਸ਼ਾਮਲ ਹਨ।ਪ੍ਰਸਿੱਧ ਵਾਇਲਨ ਵਾਦਕ ਅਤੇ ਸੰਗੀਤਕਾਰ ਡਾ. ਐਲ. ਸੁਬ੍ਰਹਮਣੀਅਮ ਅਤੇ ਗੈਸਟ੍ਰੋ-ਐਂਟਰੌ-ਲੋਜਿਸਟ ਡੀ. ਨਾਗੇਸ਼ਵਰ ਰੈੱਡੀ

ਪਦਮ ਵਿਭੂਸ਼ਣ ਪੁਰਸਕਾਰ ਪ੍ਰਾਪਤ ਕਰਨ ਵਾਲਿਆਂ ਵਿਚ ਸ਼ਾਮਲ ਨੇ ਉੱਘੇ ਸੰਪਾਦਕ ਅਤੇ ਪ੍ਰਸਾਰ ਭਾਰਤੀ ਦੇ ਸਾਬਕਾ ਚੇਅਰਮੈਨ ਏ. ਸੂਰਿਆ ਪ੍ਰਕਾਸ਼, ਅਭਿਨੇਤਾ ਅਨੰਤਨਾਗ, ਨੰਦਮੁਰੀ ਬਾਲਾ-ਕ੍ਰਿਸ਼ਨ ਅਤੇ ਐਸ. ਅਜੀਤ ਕੁਮਾਰ, ਭਾਰਤੀ ਹਾਕੀ ਟੀਮ ਦੇ ਸਾਬਕਾ ਕਪਤਾਨ ਪੀ.ਆਰ. ਸ਼੍ਰੀਜੇਸ਼ ਪਦਮ ਭੂਸ਼ਣ ਪ੍ਰਾਪਤ ਕਰਨ ਵਾਲਿਆਂ ਵਿੱਚ ਸ਼ਾਮਲ ਨੇ ।

---

ਪੰਜਾਬ ਵਿੱਚ, ਕਿਸਾਨ ਮਜ਼ਦੂਰ ਮੋਰਚਾ ਅਤੇ ਸੰਯੁਕਤ ਕਿਸਾਨ ਮੋਰਚਾ- ਗੈਰ-ਰਾਜਨੀਤਿਕ ਨੇ ਕੇਂਦਰ ਨੂੰ ਕਿਹਾ ਏ ਕਿ ਉਹ, 4 ਮਈ ਨੂੰ ਹੋਣ ਵਾਲੀ ਆਪਣੀ ਅਗਲੀ ਮੀਟਿੰਗ ਵਿੱਚ ਸੂਬਾ ਸਰਕਾਰ ਨੂੰ ਸ਼ਾਮਲ ਨਾ ਕਰੇ। ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੂੰ ਲਿਖੇ ਇੱਕ ਪੱਤਰ ਵਿੱਚ, ਦੋਵਾਂ ਕਿਸਾਨ ਮੋਰਚਿਆਂ ਨੇ ਕਿਹਾ ਏ ਕਿ ਪੰਜਾਬ ਸਰਕਾਰ ਨੇ ਉਨ੍ਹਾਂ ਦੇ ਸਵੈ-ਮਾਣ ਨੂੰ ਠੇਸ ਪਹੁੰਚਾਈ ਏ ਅਤੇ ਉਨ੍ਹਾਂ ਦਾ ਅਪਮਾਨ ਕੀਤਾ ਏ । ਦੇਸ਼ ਭਰ ਦੇ ਕਿਸਾਨ ਉਨ੍ਹਾਂ ਪ੍ਰਤੀ ਨਾਰਾਜ਼ ਨੇ । ਇਸਨੇ 19 ਮਾਰਚ ਨੂੰ ਇੱਕ ਮੀਟਿੰਗ ਦੌਰਾਨ ਕੇਂਦਰ ਸਰਕਾਰ ਦੇ ਵਫ਼ਦ ਨਾਲ ਗੱਲਬਾਤ ਕਰਨ ਤੋਂ ਬਾਅਦ ਵਾਪਸ ਆਉਂਦੇ ਸਮੇਂ, ਉਨ੍ਹਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਨਾਲ ਧੋਖਾ ਕੀਤਾ। ਮੰਤਰੀ ਨੂੰ ਕੱਲ੍ਹ ਲਿਖੇ ਪੱਤਰ ਵਿੱਚ ਕਿਹਾ ਗਿਆ ਏ ਕਿ ਜੇਕਰ ਆਉਣ ਵਾਲੀ ਮੀਟਿੰਗ ਵਿੱਚ ਸੂਬਾ ਸਰਕਾਰ ਦੇ ਨੁਮਾਇੰਦਿਆਂ ਨੂੰ ਸ਼ਾਮਲ ਕੀਤਾ ਜਾਂਦਾ ਏ , ਤਾਂ ਸੰਯੁਕਤ

ਕਿਸਾਨ ਮੋਰਚਾ - ਗੈਰ-ਰਾਜਨੀਤਿਕ ਅਤੇ ਕਿਸਾਨ ਮਜ਼ਦੂਰ ਮੋਰਚਾ ਦੇ ਸੱਦੇ ਗਏ ਕਿਸਾਨ ਆਗੂ ਇਸ ਵਿੱਚ ਸ਼ਾਮਲ ਨਹੀਂ ਹੋਣਗੇ। ਕੇਂਦਰੀ ਵਫ਼ਦ ਅਤੇ ਕਿਸਾਨ ਆਗੂਆਂ ਵਿਚਕਾਰ ਆਖਰੀ ਮੀਟਿੰਗ 19 ਮਾਰਚ ਨੂੰ ਚੰਡੀਗੜ੍ਹ ਵਿਖੇ ਕਿਸਾਨਾਂ ਦੀਆਂ ਮੰਗਾਂ ਬਾਰੇ ਗੱਲ ਕਰਨ ਲਈ, ਇੱਕ ਸੁਹਿਰਦ ਮਾਹੌਲ ਵਿੱਚ ਹੋਈ ਸੀ ਅਤੇ ਅਗਲੀ ਮੀਟਿੰਗ 4 ਮਈ ਨੂੰ ਤੈਅ ਕੀਤੀ ਗਈ ਸੀ।

---------------------------------------------------------------------

ਪੰਜਾਬ ਸਰਕਾਰ ਨੇ ਕੇਂਦਰ ਸਰਕਾਰ ਨੂੰ, ਭਾਰਤ ਦੇ ਆਜ਼ਾਦੀ ਸੰਗਰਾਮ ਦੌਰਾਨ, ਮਹਾਨ ਕੁਰਬਾਨੀਆਂ ਦੇਣ ਵਾਲੇ ਪੰਜਾਬ ਦੇ ਬਹਾਦਰ ਪੁੱਤਰਾਂ ਦੇ ਸਨਮਾਨ ਵਿੱਚ, ਯਾਦਗਾਰੀ ਸਿੱਕੇ ਜਾਰੀ ਕਰਨ ਦੀ ਅਪੀਲ ਕੀਤੀ ਏ । ਇਸਨੇ ਕਿਹਾ ਏ ਕਿ ਸ਼ਹੀਦਾਂ ਦੀ ਯਾਦ ਵਿੱਚ ਯਾਦਗਾਰੀ ਸਿੱਕੇ ਜਾਰੀ ਕਰਨ ਨਾਲ ਨਾ ਸਿਰਫ਼ ਉਨ੍ਹਾਂ ਦੀਆਂ ਕੁਰਬਾਨੀਆਂ ਦਾ ਸਨਮਾਨ ਹੋਵੇਗਾ, ਸਗੋਂ ਇਹ ਨੌਜਵਾਨ ਪੀੜ੍ਹੀਆਂ ਲਈ ਇੱਕ ਸਥਾਈ ਵਿਦਿਅਕ ਵਿਰਾਸਤ ਵਜੋਂ ਵੀ ਕੰਮ ਕਰੇਗਾ। ਪੰਜਾਬ ਦੇ ਆਜ਼ਾਦੀ ਘੁਲਾਟੀਆਂ ਵਿਭਾਗ ਦੇ ਮੰਤਰੀ ਮਹਿੰਦਰ ਭਗਤ ਨੇ ਦੱਸਿਆ ਕਿ ਪੱਤਰ ਦੇਸ਼ ਦੇ ਆਜ਼ਾਦੀ ਅੰਦੋਲਨ ਵਿੱਚ ਸੂਬੇ ਦੇ ਅਥਾਹ ਯੋਗਦਾਨ ਨੂੰ ਉਜਾਗਰ ਕਰਦਾ ਏ ਅਤੇ ਅਜਿਹੇ ਸਿੱਕੇ ਜਾਰੀ ਕਰਨਾ ਭਾਰਤ ਦੀ ਮੁਦਰਾ ਵਿਰਾਸਤ ਵਿੱਚ ਇੱਕ ਮਹੱਤਵਪੂਰਨ ਵਾਧਾ ਹੋਵੇਗਾ। ਭਾਰਤੀ ਇਤਿਹਾਸ ਦੇ ਇਤਿਹਾਸ

ਵਿੱਚ ਹਮੇਸ਼ਾ ਲਈ ਉੱਕਰੇ ਹੋਏ ਕੁਝ ਮਹਾਨ ਨਾਵਾਂ ਵਿੱਚ ਸ਼ਹੀਦ ਕਰਤਾਰ ਸਿੰਘ ਸਰਾਭਾ, ਸ਼ਹੀਦ ਊਧਮ ਸਿੰਘ, ਸ਼ਹੀਦ-ਏ-ਆਜ਼ਮ ਭਗਤ ਸਿੰਘ, ਸ਼ਹੀਦ ਲਾਲਾ ਲਾਜਪਤ ਰਾਏ ਸ਼ਾਮਲ ਨੇ।

---------------------------------------------------------------------

ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਦੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਸੂਬੇ ਭਰ ਵਿੱਚ ਅੱਗ ਲਗਨ ਕਾਰਨ ਕਿਸਾਨਾਂ ਦੀ ਕਣਕ ਅਤੇ ਨਾੜ ਸੜ ਜਾਣ ਦੇ ਅਨੁਮਾਨ ਲਗਾਇਆ ਜਾ ਰਿਹਾ ਏ ਅਤੇ ਅਨੁਮਾਨ ਆਉਣ ਤੋਂ ਬਾਅਦ ਕਿਸਾਨਾਂ ਨੂੰ ਬਣਦਾ ਮੁਆਵਜ਼ਾ ਦਿੱਤਾ ਜਾਵੇਗਾ। ਅੱਜ ਸਰਹੰਦ ਅਨਾਜ ਮੰਡੀ ਦਾ ਦੌਰਾ ਕਰਨ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੰਤਰੀ ਦਸਿਆ । BYTE

ਮਾਰਕੀਟ ਕਮੇਟੀ ਸਰਹੰਦ ਦੇ ਚੇਅਰਮੈਨ ਗੁਰਵਿੰਦਰ ਸਿੰਘ ਢਿੱਲੋ ਨੇ ਕਿਹਾ ਕਿ ਮੰਤਰੀ ਦੇ ਧਿਆਨ ਵਿੱਚ ਸਰਹੰਦ ਦੀ ਮੰਡੀ ਦਾ ਫੜ ਵਧਾਉਣ ਦਾ ਮਾਮਲਾ ਲਿਆਂਦਾ ਗਿਆ ਜਿਸ ਤੇ ਤਸੱਲੀ ਪ੍ਰਗਟ ਕਰਦਿਆਂ ਕਿਹਾ ਕਿ ਇਸ ਕਾਰਜ ਨੂੰ ਜਲਦੀ ਮੁਕੰਮਲ ਕਰ ਲਿਆ ਜਾਵੇਗਾ।

---------------------------------------------------------------------

ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਨੇ ਪਾਕਿਸਤਾਨ ਅਧਾਰਤ ਗੈਰ-

ਕਾਨੂੰਨੀ ਹਥਿਆਰ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਇੱਕ ਸੰਚਾਲਕ ਨੂੰ 7 ਪਿਸਤੌਲਾਂ ਅਤੇ ਡੇਢ ਲੱਖ ਰੁਪਏ ਸਮੇਤ ਗ੍ਰਿਫ਼ਤਾਰ ਕੀਤਾ ਏ । ਪੰਜਾਬ ਪੁਲਿਸ ਦੇ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਆਸਟ੍ਰੇਲੀਆ-ਅਧਾਰਤ ਹੈਂਡਲਰ ਜੱਸਾ ਦੇ ਨਿਰਦੇਸ਼ਾਂ 'ਤੇ ਸਮਾਜ ਵਿਰੋਧੀ ਅਨਸਰਾਂ ਨੂੰ ਹਥਿਆਰ ਸਪਲਾਈ ਕਰ ਰਿਹਾ ਸੀ । ਗ੍ਰਿਫ਼ਤਾਰ ਕੀਤੇ ਦੋਸ਼ੀ ਦੀ ਪਛਾਣ ਅੰਮ੍ਰਿਤਸਰ ਦੇ ਪਿੰਡ ਮੀਰਾਂਕੋਟ ਕਲਾਂ ਦੇ ਰਹਿਣ ਵਾਲੇ ਅਭਿਸ਼ੇਕ ਕੁਮਾਰ ਵਜੋਂ ਹੋਈ ਏ । ਪੁਲਿਸ ਟੀਮਾਂ ਨੇ ਉਸ ਦੇ ਕਬਜ਼ੇ ਵਿੱਚੋਂ ਸੱਤ ਪਿਸਤੌਲਾਂ, ਚਾਰ ਕਾਰਤੂਸ ਅਤੇ ਡੇਢ ਲੱਖ ਰੁਪਏ ਬਰਾਮਦ ਕੀਤੇ ਨੇ  ਇਸ ਤੋਂ ਇਲਾਵਾ ਹਥਿਆਰਾਂ ਦੀ ਤਸਕਰੀ ਲਈ ਵਰਤੀ ਜਾ ਰਹੀ ਉਸਦੀ ਕਾਰ ਨੂੰ ਜ਼ਬਤ ਕੀਤਾ।

----------------------------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ, ਸਿਬਿਨ ਸੀ ਨੇ ਕਿਹਾ ਕਿ ਨੌਜਵਾਨ ਵੋਟਰਾਂ ਵਿੱਚ ਚੋਣ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਲਈ ਸੂਬੇ ਭਰਵਿੱਚ ਚੋਣ ਸਾਖਰਤਾ ਕਲੱਬ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਨੇ ।ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ 3 ਹਜ਼ਾਰ  ਤੋਂ ਵੱਧ ਚੋਣ ਸਾਖਰਤਾ ਕਲੱਬ ਵਿਦਿਆਰਥੀਆਂ ਨੂੰ ਵਿਚਾਰ ਚਰਚਾ, ਮੋਕ ਚੋਣਾਂ, ਪੋਸਟਰ ਮੁਕਾਬਲੇ, ਸਹੁੰ ਚੁੱਕ ਸਮਾਰੋਹ, ਅਤੇ ਵੋਟਰ ਜਾਗਰੂਕਤਾ ਮੁਹਿੰਮਾਂ ਸਮੇਤ ਬਹੁਤ ਸਾਰੀਆਂ ਚੋਣ ਗਤੀਵਿਧੀਆਂ ਵਿੱਚ ਸ਼ਾਮਲ ਕਰ

ਰਹੇ ਹਨ। ਇਹ ਉਪਰਾਲੇ ਨੌਜਵਾਨਾਂ ਵਿੱਚ ਜਮਹੂਰੀ ਭਾਗੀਦਾਰੀ ਅਤੇ ਜ਼ਿੰਮੇਵਾਰ ਨਾਗਰਿਕਤਾ ਦੀਆਂ ਕਦਰਾਂ-ਕੀਮਤਾਂ ਨੂੰ ਪੈਦਾ ਕਰਨ ਵਿੱਚ ਮਦਦ ਕਰ ਰਹੇ ਨੇ। ਸਭ ਤੋਂ ਵਧੀਆ ਪਹਿਲਕਦਮੀਆਂ ਨੂੰ ਦਸਤਾਵੇਜ਼ੀ ਬਣਾਉਣ ਅਤੇ ਉਤਸ਼ਾਹਿਤ ਕਰਨ ਲਈ, ਮੁੱਖ ਚੋਣ ਅਧਿਕਾਰੀ ਦੇ ਦਫ਼ਤਰ ਨੇ ਪਹਿਲਾਂ ਚੋਣ ਸਾਖਰਤਾ ਕਲੱਬ ਕਿਤਾਬਚਾ ਜਾਰੀ ਕੀਤਾ, ਜਿਸ ਵਿੱਚ ਪੰਜਾਬ ਭਰ ਦੇ ਕਲੱਬਾਂ ਦੀਆਂ ਸ਼ਾਨਦਾਰ ਗਤੀਵਿਧੀਆਂ ਅਤੇ ਸਫਲਤਾ ਦੀਆਂ ਕਹਾਣੀਆਂ ਸ਼ਾਮਲ ਹਨ।

---------------------------------------------------------------------

ਜਲੰਧਰ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਕੈਂਪਸ ਵਿਖੇ 2,000 ਤੋਂ ਵੱਧ ਸਿਹਤ ਸੰਭਾਲ ਲੈਬ ਪੇਸ਼ੇਵਰਾਂ ਅਤੇ 30 ਤੋਂ ਵੱਧ ਕੰਪਨੀਆਂ ਦੇ ਨੁਮਾਇੰਦਿਆਂ ਲਈ ਇੱਕ ਮੈਗਾ ਮੈਡੀਕਲ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਇਸ ਵਰਕਸ਼ਾਪ ਦਾ ਉਦਘਾਟਨ ਮੁੱਖ ਮਹਿਮਾਨ, ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕੀਤਾ। ਸ਼੍ਰੀ ਅਰੋੜਾ ਨੇ ਚੰਗੇ ਸ਼ਾਸਨ ਪ੍ਰਤੀ ਸਰਕਾਰ ਦੀ ਵਚਨਬੱਧਤਾ 'ਤੇ ਜ਼ੋਰ ਦਿੱਤਾ ਅਤੇ ਸਮਾਜ ਪ੍ਰਤੀ ਕੀਮਤੀ ਸੇਵਾ ਲਈ ਮੈਡੀਕਲ ਲੈਬ ਡਾਕਟਰਾਂ ਦੀ ਪ੍ਰਸ਼ੰਸਾ ਕੀਤੀ। ਸ਼੍ਰੀ ਅਰੋੜਾ ਨੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੀ ਵਿਭਿੰਨਤਾ, ਸਮਾਵੇਸ਼, ਉੱਚ ਸਿੱਖਿਆ ਅਤੇ ਰੁਜ਼ਗਾਰ ਦੇ ਮੌਕਿਆਂ ਨੂੰ ਉਤਸ਼ਾਹਿਤ ਕਰਨ ਵਿੱਚ ਭੂਮਿਕਾ ਲਈ ਪ੍ਰਸ਼ੰਸਾ ਵੀ ਕੀਤੀ।

------------------------------------------------------------------------

ਭਾਰਤ, ਦਿੱਲੀ ਵਿੱਚ ਏਸ਼ੀਅਨ ਯੋਗ ਸਪੋਰਟਸ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਰਿਕਾਰਡ 83 ਸੋਨੇ ਦੇ ਤਮਗਿਆਂ ਨਾਲ ਸਿਖਰ 'ਤੇ ਰਿਹਾ ਏ । ਮੇਜ਼ਬਾਨ ਟੀਮ ਨੇ ਤਿੰਨ ਚਾਂਦੀ ਅਤੇ ਇੱਕ ਕਾਂਸੀ ਦਾ ਤਮਗਾ ਵੀ ਜਿੱਤਿਆ । ਜਪਾਨ ਨੇ ਤਿੰਨ ਸੋਨੇ, ਤਿੰਨ ਚਾਂਦੀ ਅਤੇ ਚਾਰ ਕਾਂਸੀ ਦੇ ਤਮਗੇ ਜਿੱਤੇ। ਮੰਗੋਲੀਆ, ਓਮਾਨ ਅਤੇ ਨੇਪਾਲ ਚੋਟੀ ਦੇ ਪੰਜ ਵਿੱਚ ਸ਼ਾਮਲ ਹੋ ਗਏ ਨੇ ।